3-Jan-Faridkot.qxd 1/3/2022 11:16 PM Page 1

ਜੈਤੋ ਵਿਖੇ 'ਆਪ' ਦੇ ਆਗੂ ਧਰਮਜੀਤ ਰਾਮੇਆਣਾ ਮਰਨ ਵਰਤ 'ਤੇ ਬੈਠੇ ਹੋਏ। ਨਾਲ ਪਾਰਟੀ ਦੇ ਅਹੁਦੇਦਾਰ ਤੇ ਔਰਤਾਂ ਤੇ ਹੋਰ। ਤਸਵੀਰ : ਗੁਰਚਰਨ ਸਿੰਘ ਗਾਬੜੀਆ

-ਮਾਮਲਾ ਜੈਤੋ ਦੇ ਬਾਜ਼ਾਰਾਂ, ਗਲੀਆਂ ਤੇ ਮੁਹੱਲਿਆਂ 'ਚ ਖੜ੍ਹੇ ਸੀਵਰੇਜ ਦੇ ਗੰਦੇ ਪਾਣੀ ਦਾ-

'ਆਪ' ਆਗੂ ਧਰਮਜੀਤ ਰਾਮੇਆਣਾ ਵਲੋਂ ਮਰਨ ਵਰਤ ਸ਼ੁਰੂ

ਜੈਤੋ, 3 ਜਨਵਰੀ (ਗੁਰਚਰਨ ਸਿੰਘ ਗਾਬੜੀਆ)- ਸਥਾਨਕ ਸ਼ਹਿਰ ਦੇ ਅੰਦਰੋਂ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਰਕੇ ਹਰ ਵਰਗ ਦੇ ਲੋਕਾਂ ਵਿਚ ਪੰਜਾਬ ਸਰਕਾਰ ਪ੍ਰਤੀ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ ਉਥੇ ਹੀ ਲੋਕਾਂ ਦੀ ਉਕਤ ਸਮੱਸਿਆਂ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਆਗੂ ਧਰਮਜੀਤ ਰਾਮੇਆਣਾ ਵਲੋਂ ਸਥਾਨਕ ਬਾਜਾਖਾਨਾ ਚੌਕ 'ਚ ਧਰਨਾ ਲਗਾ ਕੇ ਮਰਨ ਵਰਤ ਸ਼ੁਰੂ ਕਰ ਦਿੱਤਾ ਗਿਆ ਹੈ। ਉਨ੍ਹਾਂ ਕਾਂਗਰਸ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ 'ਚ ਵਿਕਾਸ ਕਰਨ ਦੀ ਥਾਂ ਲਾਰਿਆਂ 'ਚ ਹੀ ਪੰਜ ਸਾਲ ਲੰਘਾ ਦਿੱਤੇ ਜਦਕਿ ਜੈਤੋ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ, ਗਲੀਆਂ ਤੇ ਮੁਹੱਲਿਆਂ 'ਚ ਸੀਵਰੇਜ ਦਾ ਗੰਦਾ ਪਾਣੀ ਆਮ ਘੁੰਮ ਰਿਹਾ ਹੈ, ਦੀ ਨਿਕਾਸੀ ਲਈ ਕੋਈ ਵੀ ਪੁਖਤਾ ਪ੍ਰਬੰਧ ਨਹੀਂ ਕੀਤਾ ਗਿਆ ਜਦਕਿ ਸ਼ਹਿਰ ਨਿਵਾਸੀ ਵਾਰ-ਵਾਰ ਸੜਕਾਂ 'ਤੇ ਆ ਕੇ ਸਰਕਾਰ ਵਿਰੁੱਧ ਹਰ ਰੋਜ਼ ਰੋਸ ਪ੍ਰਦਰਸ਼ਨ ਕਰ ਰਹੇ ਹਨ ਪਰ ਸਰਕਾਰ ਕੁੰਭਕਰਨੀ ਨੀਂਦ 'ਚ ਸੁੱਤੀ ਪਈ ਹੈ। 'ਆਪ' ਆਗੂ ਧਰਮਜੀਤ ਰਾਮੇਆਣਾ ਨੇ ਕਿਹਾ ਕਿ ਇਹ ਮਰਨ ਵਰਤ ਉਦੋਂ ਤੱਕ ਜਾਰੀ ਰਹੇਗਾ ਜਦ ਕਿ ਸੀਵਰੇਜ ਦੇ ਗੰਦੇ ਪਾਣੀ ਦਾ ਨਿਕਾਸ ਨਹੀਂ ਹੋ ਜਾਂਦਾ। ਇਸ ਮੌਕੇ ਗੁਰਪਿਆਰ ਸਿੰਘ, ਜਸਵੰਤ ਸਿੰਘ ਜੈਤੋ, ਡਾ: ਹਰਪਾਲ ਸਿੰਘ ਰਾਮੂੰਵਾਲਾ, ਸੰਦੀਪ ਸਿੰਘ ਜੈਤੋ, ਬੀਬੀਆਂ ਤੇ ਅਹੁਦੇਦਾਰ ਤੇ ਵਰਕਰਾਂ ਨੇ ਕਿਹਾ ਕਿ ਸ਼ਹਿਰ ਦੀਆਂ ਸੜਕਾਂ 'ਤੇ ਖੜ੍ਹੇ ਸੀਵਰੇਜ ਦੇ ਗੰਦੇ ਪਾਣੀ ਕਾਰਨ ਲੋਕਾਂ ਨੂੰ ਅਨੇਕਾਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਦੁਕਾਨਦਾਰਾਂ ਦਾ ਜਿਉਣਾ ਦੁਭਰ ਹੋ ਗਿਆ ਉਥੇ ਹੀ ਕਾਰੋਬਾਰ ਵੀ ਠੱਪ ਹੋ ਕੇ ਰਹਿ ਗਏ ਹਨ। ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਤੇ ਸ਼ਹਿਰ ਨਿਵਾਸੀਆਂ ਨੇ ਮੰਗ ਕੀਤੀ ਹੈ ਕਿ ਸੀਵਰੇਜ ਦੇ ਗੰਦੇ ਪਾਣੀ ਦੇ ਨਿਕਾਸ ਦਾ ਤੁਰੰਤ ਹੱਲ ਕੀਤਾ ਜਾਵੇ।

ਜੈਤੋ ਦੇ ਮੇਨ ਬਾਜ਼ਾਰ 'ਚ ਘੁੰਮਦਾ ਹੋਇਆ ਸੀਵਰੇਜ ਦਾ ਗੰਦਾ ਪਾਣੀ। ਤਸਵੀਰ : ਗੁਰਚਰਨ ਸਿੰਘ ਗਾਬੜੀਆ

ਬੀ.ਐੱਸ.ਸੀ. ਖੇਤੀਬਾੜੀ ਸੰਘਰਸ਼ ਕਮੇਟੀ ਆਈ ਕਿਸਾਨਾਂ ਦੇ ਹੱਕ 'ਚ

ਫ਼ਰੀਦਕੋਟ, 3 ਜਨਵਰੀ (ਸਰਬਜੀਤ ਸਿੰਘ)-ਕਿਸਾਨੀ ਮੰਗਾਂ ਦੇ ਹੱਕ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵਲੋਂ ਇੱਥੇ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਦਿਨ ਰਾਤ ਦਾ ਪੱਕਾ ਧਰਨਾ ਲਗਾਇਆ ਹੋਇਆ ਹੈ। ਅੱਜ ਧਰਨੇ 'ਚ ਬੀ.ਐਸ.ਸੀ. ਖੇਤੀਬਾੜੀ ਬਚਾਓ ਸੰਘਰਸ਼ ਕਮੇਟੀ ਵਲੋਂ ਸ਼ਮੂਲੀਅਤ ਕੀਤੀ ਗਈ ਤੇ ਉਨ੍ਹਾਂ ਨਾਲ ਹੋਰ ਸਹਿਯੋਗੀ ਜਥੇਬੰਦੀਆਂ ਵਲੋਂ ਵੀ ਕਿਸਾਨਾਂ ਦੇ ਧਰਨੇ ਦਾ ਸਮਰਥਨ ਕੀਤਾ ਗਿਆ ਜਿਨ੍ਹਾਂ ਨਾਲ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂ ਵੀ ਧਰਨੇ 'ਚ ਸ਼ਾਮਿਲ ਹੋਏ। ਕਿਸਾਨ ਆਗੂ ਜਸਪਾਲ ਸਿੰਘ ਨੰਗਲ, ਤਾਰਾ ਸਿੰਘ, ਜਸਪ੍ਰੀਤ ਸਿੰਘ, ਬਲਵਿੰਦਰ ਸਿੰਘ, ਬਲਦੇਵ ਸਿੰਘ, ਨਿਰਮਲ ਸਿੰਘ ਨੇ ਕਿਹਾ ਕਿ ਦਿੱਲੀ ਕਿਸਾਨ ਮੋਰਚੇ ਦੌਰਾਨ ਵੱਖ-ਵੱਖ ਥਾਣਿਆਂ ਵਿਚ ਕਿਸਾਨਾਂ ਖ਼ਿਲਾਫ਼ ਦਰਜ ਹੋਏ ਪਰਚੇ ਬਿਨਾਂ ਸ਼ਰਤ ਰੱਦ ਕੀਤੇ ਜਾਣ। ਕਿਸਾਨ ਆਗੂ ਚਰਨਜੀਤ ਸਿੰਘ ਸੁੱਖਣਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਸਾਜਿਸ਼ ਤਹਿਤ ਸਰਕਾਰੀ ਬ੍ਰਿਜਿੰਦਰਾ ਕਾਲਜ ਵਿਚ ਬੀ.ਐਸ.ਸੀ ਖੇਤੀਬਾੜੀ ਦੀਆਂ ਚੱਲ ਰਹੀਆਂ ਕਲਾਸਾਂ ਨੂੰ ਸਾਜਿਸ਼ ਤਹਿਤ ਬੰਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਖੇਤੀ ਲਈ ਬ੍ਰਿਜਿੰਦਰਾ ਕਾਲਜ ਵਿਚ ਬੀ.ਐਸ.ਸੀ. ਖੇਤੀਬਾੜੀ ਦੀ ਪੜ੍ਹਾਈ ਲਾਜ਼ਮੀ ਹੈ। ਇਸ ਮੌਕੇ ਮਲਕੀਤ ਸਿੰਘ ਚੰਮੇਲੀ, ਲਾਭ ਸਿੰਘ, ਜਗਜੀਤ ਸਿੰਘ, ਸ਼ਿੰਦਾ ਸਿੰਘ, ਸਤਪਾਲ ਸਿੰਘ, ਚਰਨਜੀਤ ਸਿੰਘ, ਨਛੱਤਰ ਸਿੰਘ, ਜਗਦੀਸ਼ ਸਿੰਘ, ਗੁਰਸੇਵਕ ਸਿੰਘ, ਮਹਿੰਦਰ ਕੌਰ ਆਦਿ ਵੀ ਹਾਜ਼ਰ ਸਨ।

ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਕਿਸਾਨ ਤੇ ਹੋਰ ਜਥੇਬੰਦੀਆਂ ਆਗੂ। ਤਸਵੀਰ: ਸਰਬਜੀਤ ਸਿੰਘ

ਇੰਡੀਅਨ ਫ਼ਾਰਮਰਜ਼ ਐਸੋਸੀਏਸ਼ਨ ਪੰਜਾਬ ਵਿਧਾਨ ਸਭਾ ਚੋਣਾਂ 'ਚ ਹਿੱਸਾ ਨਹੀਂ ਲਵੇਗੀ : ਆਗੂ

ਫ਼ਰੀਦਕੋਟ, 3 ਜਨਵਰੀ (ਸਤੀਸ਼ ਬਾਗ਼ੀ)- ਇੰਡੀਅਨ ਫ਼ਾਰਮਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ਼ਵਿੰਦਰ ਸਿੰਘ ਬਰਾੜ ਰਾਜੇਵਾਲਾ ਤੇ ਬਲਦੀਪ ਸਿੰਘ ਰੋਮਾਣਾ ਨੇ ਆਪਣੇ ਸਾਂਝੇ ਬਿਆਨ 'ਚ ਕਿਹਾ ਕਿ ਪੰਜਾਬ ਵਿਚ 2022 ਦੀਆਂ ਵਿਧਾਨ ਸਭਾ ਚੋਣਾਂ ਦਾ ਮਾਹੌਲ ਪੂਰੀ ਤਰ੍ਹਾਂ ਭਖ ਚੁੱਕਿਆ ਹੈ ਤੇ ਪੰਜਾਬ ਦੀ ਜਨਤਾ ਨੂੰ ਤਰ੍ਹਾਂ-ਤਰ੍ਹਾਂ ਦੇ ਸਬਜ਼ਬਾਗ ਦਿਖਾਏ ਜਾ ਰਹੇ ਹਨ ਪਰ ਜਥੇਬੰਦੀ ਦੇ ਵਿਧਾਨ ਅਨੁਸਾਰ ਇਹ ਜਥੇਬੰਦੀ ਚੋਣਾਂ ਵਿਚ ਭਾਗ ਨਹੀਂ ਲਵੇਗੀ ਤੇ ਸੰਯੁਕਤ ਕਿਸਾਨ ਮੋਰਚਾ ਦਾ ਹਿੱਸਾ ਬਣ ਕੇ ਕੇਂਦਰ ਸਰਕਾਰ ਨਾਲ ਐਮ.ਐਸ.ਪੀ. ਤੇ ਹੋਰ ਬਾਕੀ ਰਹਿੰਦੀਆਂ ਮੰਗਾਂ ਲਈ ਲੜਾਈ ਜਾਰੀ ਰੱਖੇਗੀ। ਆਗੂਆਂ ਨੇ ਸਪੱਸ਼ਟ ਕੀਤਾ ਕਿ ਜਥੇਬੰਦੀ ਕਿਸੇ ਵੀ ਰਾਜਨੀਤਕ ਪਾਰਟੀ ਦਾ ਸਮਰਥਨ ਨਹੀਂ ਕਰੇਗੀ।

ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਰੋਸ ਪ੍ਰਦਰਸ਼ਨ ਕਰਦੀਆਂ ਹੋਈਆਂ ਸਟਾਫ਼ ਨਰਸਾਂ। ਤਸਵੀਰ : ਸਰਬਜੀਤ ਸਿੰਘ

ਸਟਾਫ਼ ਨਰਸਾਂ ਵਲੋਂ ਮੈਡੀਕਲ ਕਾਲਜ ਮੂਹਰੇ ਰੋਸ ਪ੍ਰਦਰਸ਼ਨ

ਫ਼ਰੀਦਕੋਟ, 3 ਜਨਵਰੀ (ਸਰਬਜੀਤ ਸਿੰਘ)-ਪੰਜਾਬ ਸਰਕਾਰ ਵਲੋਂ ਬੰਦ ਕੀਤੇ ਗਏ ਭੱਤਿਆਂ ਨੂੰ ਚਾਲੂ ਕਰਵਾਉਣ ਅਤੇ ਹੋਰ ਹੰਗਾਮੀ ਮੰਗਾਂ ਨੂੰ ਲੈ ਕੇ ਸਟਾਫ਼ ਨਰਸਾਂ ਵਲੋਂ 6 ਦਸੰਬਰ ਤੋਂ ਮੁਕੰਮਲ ਹੜਤਾਲ ਕੀਤੀ ਹੋਈ ਹੈ। ਅੱਜ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਮੁੱਖ ਗੇਟ 'ਤੇ ਰੈਲੀ ਦੌਰਾਨ ਸਮੂਹ ਸਟਾਫ਼ ਨਰਸਾਂ ਵਲੋਂ ਪੰਜਾਬ ਸਰਕਾਰ ਵਿਰੁੱਧ ਰੋਸ ਮੁਜ਼ਾਹਰਾ ਕੀਤਾ ਗਿਆ ਅਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਪ੍ਰਧਾਨ ਆਸ਼ਾ ਰਾਣੀ, ਰਾਜਵੀਰ, ਸੁਖਵਿੰਦਰ ਸਿੰਘ, ਹਰਪ੍ਰੀਤ ਕੌਰ, ਸੰਜੀਵ ਕੁਮਾਰ, ਅਮਨਪ੍ਰੀਤ ਕੌਰ ਅਤੇ ਹਰਪ੍ਰੀਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵਲੋਂ ਸਟਾਫ਼ ਨਰਸਾਂ ਦੇ ਮਸਲਿਆਂ ਨੂੰ ਜਲਦ ਹੱਲ ਕਰਨ ਦੇ ਭਰੋਸੇ ਤੋਂ ਬਾਅਦ ਕੋਈ ਸਾਰ ਨਹੀਂ ਲਈ। ਉਨ੍ਹਾਂ ਮੰਗ ਕੀਤੀ ਕਿ ਉਨ੍ਹਾਂ ਦੀਆਂ ਮੰਗਾਂ ਸੰਬੰਧੀ ਜਲਦ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ ਤਾਂ ਕਿ ਉਹ ਆਪਣੀਆਂ ਡਿਊਟੀਆਂ ਤੋਂ ਤੁਰੰਤ ਮੁੜ ਜਾਣ।

ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਮੈਂਬਰ ਨਗਰ ਕੌਂਸਲ ਦੇ ਪ੍ਰਧਾਨ ਨਰਿੰਦਰਪਾਲ ਸਿੰਘ ਨਿੰਦਾ ਨੂੰ ਮੰਗ ਪੱਤਰ ਸੌਂਪਦੇ ਹੋਏ। ਤਸਵੀਰ: ਸਤੀਸ਼ ਬਾਗ਼ੀ

ਸਿਵਲ ਹਸਪਤਾਲ ਵਿਖੇ 15 ਤੋਂ 18 ਸਾਲ ਦੇ ਬੱਚਿਆਂ ਲਈ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕਰਵਾਉਂਦੇ ਹੋਏ ਸਿਵਲ ਸਰਜਨ ਡਾ: ਸੰਜੇ ਕਪੂਰ ਤੇ ਹੋਰ।

ਸਿਵਲ ਹਸਪਤਾਲ ਵਿਖੇ 15 ਤੋਂ 18 ਸਾਲ ਦੇ ਬੱਚਿਆਂ ਨੂੰ ਕੋਵਿਡ ਵੈਕਸੀਨ ਲਗਾਉਣ ਦੀ ਹੋਈ ਸ਼ੁਰੂਆਤ

ਫ਼ਰੀਦਕੋਟ, 3 ਜਨਵਰੀ (ਜਸਵੰਤ ਸਿੰਘ ਪੁਰਬਾ)- ਅੱਜ ਸਿਵਲ ਹਸਪਤਾਲ ਵਿਖੇ ਸਿਵਲ ਸਰਜਨ ਡਾ: ਸੰਜੇ ਕਪੂਰ ਦੀ ਅਗਵਾਈ ਹੇਠ 15 ਤੋਂ 18 ਸਾਲ ਦੇ ਬੱਚਿਆਂ ਨੂੰ ਵੈਕਸੀਨ ਦੀ ਪਹਿਲੀ ਖੁਰਾਕ ਦੀ ਸ਼ੁਰੂਆਤ ਕੀਤੀ ਗਈ। ਮਹਾਤਮਾ ਗਾਂਧੀ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ ਦੇ ਵਿਦਿਆਥੀਆਂ ਨੇ ਟੀਕਾਕਰਨ ਕਰਵਾ ਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ। ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਸਨੇਹਾ ਸੈਣੀ ਇਸ ਮੁਹਿੰਮ ਹੇਠ ਟੀਕਾਕਰਨ ਕਰਵਾਉਣ ਵਾਲੀ ਜ਼ਿਲ੍ਹਾ ਫ਼ਰੀਦਕੋਟ ਦੀ ਪਹਿਲੀ ਬੱਚੀ ਬਣੀ। ਸਿਵਲ ਸਰਜਨ ਡਾ: ਸੰਜੇ ਕਪੂਰ ਨੇ ਦੱਸਿਆ ਕੇ ਬੱਚਿਆਂ ਨੂੰ ਅੱਜ ਤੋਂ ਰੋਜ਼ਾਨਾ ਜ਼ਿਲ੍ਹਾ ਹਸਪਤਾਲ ਵਿਖੇ ਕੋਰੋਨਾ ਵੈਕਸੀਨੇਸ਼ਨ ਲਗਾਈ ਜਾਵੇਗੀ। ਇਹ ਵੈਕਸੀਨ ਪੂਰੀ ਤਰਾਂ ਸੁਰੱਖਿਅਤ ਹੈ। ਬੱਚਿਆਂ ਦੇ ਮਾਹਿਰ ਡਾਕਟਰ ਟੀਕਾਕਰਨ ਕਰਵਾਉਣ ਲਈ ਆਉਣ ਵਾਲੇ ਬੱਚਿਆਂ ਦੀ ਪੂਰੀ ਨਿਗਰਾਨੀ ਕਰਨ ਲਈ ਲਗਾਏ ਗਏ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਿਡਰ ਹੋ ਕੇ ਵੈਕਸੀਨ ਲਗਾਉਣ ਲਈ ਅੱਗੇ ਆਉਣ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ: ਪਾਮੀਲ ਬਾਂਸਲ ਨੇ ਕਿਹਾ ਕਿ ਕੋਰੋਨਾ ਦੀ ਤੀਸਰੀ ਲਹਿਰ ਨਾਲ ਮੁਕਾਬਲਾ ਕਰਨ ਲਈ ਵੈਕਸੀਨ ਸਭ ਤੋਂ ਕਾਰਗਰ ਹਥਿਆਰ ਹੈ। ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਮੀਨਾ ਕੁਮਾਰੀ ਤੇ ਡਿਪਟੀ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਨੇ ਦੱਸਿਆ ਕਿ 15 ਤੋਂ 18 ਸਾਲ ਦੇ ਸਾਰੇ ਸਰਕਾਰੀ ਸਕੂਲਾਂ ਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੂੰ ਇਸ ਮੁਹਿੰਮ ਤਹਿਤ ਸ਼ੁਰੂਆਤ ਵਿਚ ਹੀ ਕੋਰੋਨਾ ਵਾਇਰਸ ਤੋਂ ਬਚਾਓ ਲਈ ਟੀਕਾਕਰਨ ਜ਼ਰੂਰ ਕਰਵਾ ਲੈਣਾ ਚਾਹੀਦਾ ਹੈ ਕਿਉਂਕਿ ਕੁਝ ਦਿਨਾਂ ਬਾਅਦ ਪੇਪਰ ਸ਼ੁਰੂ ਹੋ ਜਾਣੇ ਹਨ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ: ਮਨਦੀਪ ਕੌਰ, ਡਿਪਟੀ ਡਾਇਰੈਕਟਰ (ਡੈਂਟਲ) ਡਾ. ਕੁਲਦੀਪ ਧੀਰ, ਡਾ: ਵਿਸ਼ਵਦੀਪ ਗੋਇਲ, ਵਿਸ਼ਵ ਸਿਹਤ ਸੰਗਠਨ ਦੇ ਸਰਵੀਲੈਂਸ ਮੈਡੀਕਲ ਅਫ਼ਸਰ ਡਾ: ਮੇਘਾ, ਡਾ: ਧਰੂਵ, ਐਮ.ਜੀ.ਐਮ ਸਕੂਲ ਦੇ ਕੋਆਰਡੀਨੇਟਰ ਬਲਜੀਤ ਸਿੰਘ ਬਿੰਦਰਾ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

ਵੈਕਸੀਨੇਸ਼ਨ ਕਰਵਾਉਣ ਵਾਲੀ ਸਨੇਹਾ ਸੈਣੀ ਬਣੀ ਜ਼ਿਲ੍ਹੇ ਦੀ ਪਹਿਲੀ ਬੱਚੀ: ਡਾ: ਸੰਜੇ ਕਪੂਰ

ਫ਼ਰੀਦਕੋਟ ਵਿਖੇ ਅੱਜ ਗੁਰਦਿੱਤ ਸੇਖੋਂ ਦੇ ਹੱਕ 'ਚ ਜਨਸਭਾ ਸੰਬੋਧਨ ਕਰਨਗੇ ਭਗਵੰਤ ਮਾਨ

ਫ਼ਰੀਦਕੋਟ, 3 ਜਨਵਰੀ (ਜਸਵੰਤ ਸਿੰਘ ਪੁਰਬਾ)- ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਲੋਕ ਸਭਾ ਮੈਂਬਰ ਭਗਵੰਤ ਮਾਨ 4 ਜਨਵਰੀ ਨੂੰ ਦੁਪਹਿਰ 2 ਵਜੇ ਇਸ ਜਨਸਭਾ ਨੂੰ ਸੰਬੋਧਨ ਕਰਨਗੇ। ਭਗਵੰਤ ਮਾਨ ਵਲੋਂ ਲਗਾਤਾਰ ਪੰਜਾਬ ਦੇ ਵੱਖ-ਵੱਖ ਹਲਕਿਆਂ 'ਚ ਆਮ ਆਦਮੀ ਪਾਰਟੀ ਲਈ ਚੋਣ ਰੈਲੀਆਂ ਕੀਤੀਆਂ ਜਾ ਰਹੀਆਂ ਹਨ ਜਿਨ੍ਹਾਂ ਨੂੰ ਪੰਜਾਬੀਆਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਫ਼ਰੀਦਕੋਟ ਵਿਚ ਹੋਣ ਵਾਲੀ ਜਨਸਭਾ ਨੂੰ ਲੈ ਕੇ 'ਆਪ' ਵਲੰਟੀਅਰ ਅਤੇ ਵਰਕਰ ਵੀ ਪੱਬਾਂ ਭਾਰ ਹਨ ਅਤੇ ਇਨ੍ਹਾਂ ਦਾ ਮੰਨਣਾ ਹੈ ਕਿ ਭਗਵੰਤ ਮਾਨ ਨੂੰ ਸੁਣਨ ਲਈ ਭਾਰੀ ਇਕੱਠ ਜੁੜੇਗਾ। ਇਸ ਮੌਕੇ ਗੱਲਬਾਤ ਕਰਦਿਆਂ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਆਗਾਮੀ ਚੋਣਾਂ ਨੇ ਸਾਡਾ ਅਤੇ ਸਾਡੇ ਬੱਚਿਆਂ ਦਾ ਭਵਿੱਖ ਤੈਅ ਕਰਨਾ ਹੈ। ਇਸ ਲਈ ਅਸੀਂ ਇਹ ਸੁਨਿਸ਼ਚਿਤ ਕਰੀਏ ਕਿ ਇਸ ਵਾਰ ਪੰਜਾਬ ਇਕ ਇਮਾਨਦਾਰ ਅਤੇ ਵਿਕਾਸ ਕਾਰਜਾਂ ਨੂੰ ਅਹਿਮੀਅਤ ਦੇਣ ਵਾਲੀ ਸਰਕਾਰ ਲੈ ਕੇ ਆਏ। ਸਾਡੇ ਸੂਬਾ ਪ੍ਰਧਾਨ ਭਗਵੰਤ ਸਿੰਘ ਮਾਨ ਹਮੇਸ਼ਾ ਪੰਜਾਬ ਤੇ ਪੰਜਾਬੀਆਂ ਦੇ ਹਿੱਤ ਦੇਸ਼ ਦੀ ਪਾਰਲੀਮੈਂਟ ਵਿਚ ਦਮਦਾਰ ਆਵਾਜ਼ ਰੱਖਦੇ ਰਹੇ ਹਨ। ਇਸ ਲਈ ਲੋਕ ਉਨ੍ਹਾਂ ਨੂੰ ਸੁਣਨਾ ਪਸੰਦ ਕਰਦੇ ਹਨ ਕਿਉਂਕਿ ਉਹ ਪੰਜਾਬ ਦੇ ਬੱਚਿਆਂ, ਜਵਾਨੀ ਤੇ ਕਿਸਾਨੀ ਦੇ ਹਰ ਮੁੱਦੇ ਨੂੰ ਅਹਿਮੀਅਤ ਦਿੰਦੇ ਹਨ। ਉਨ੍ਹਾਂ ਹਲਕਾ ਵਾਸੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿਚ ਇਸ ਜਨਸਭਾ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਇਸ ਮੌਕੇ ਗੁਰਜੰਟ ਸਿੰਘ ਚੀਮਾ, ਕਮਲਜੀਤ ਸਿੰਘ ਐਮ.ਸੀ., ਹੈਪੀ ਬਰਾੜ, ਅਨਮੋਲ ਸੇਖੋਂ, ਸੋਨੂੰ ਸੰਧੂ, ਲਾਲੀ ਸੰਧੂ, ਮਾਸਟਰ ਅਮਰਜੀਤ ਸਿੰਘ, ਪਰਮਜੀਤ ਸਿੰਘ ਸੇਖੋਂ, ਬਲਜੀਤ ਸਿੰਘ ਖਾਲਸਾ, ਯਾਦਵਿੰਦਰ ਸਿੰਘ, ਮਾਸਟਰ ਦੇਵੀ ਦਾਸ, ਮਨਜੀਤ ਸਿੰਘ ਸੇਖੋਂ, ਕੌਰ ਸਿੰਘ, ਮਾਸਟਰ ਭੁਪਿੰਦਰ ਸਿੰਘ, ਕੈਪਟਨ ਜਸਵਿੰਦਰ ਸਿੰਘ ਬਰਾੜ ਆਦਿ ਹਾਜ਼ਰ ਸਨ।

ਪੰਜਾਬ ਪ੍ਰਧਾਨ ਭਗਵੰਤ ਮਾਨ ਦੀ ਆਮਦ ਨੂੰ ਲੈ ਕੇ ਤਿਆਰੀਆਂ ਦਾ ਜਾਇਜ਼ਾ ਲੈਂਦੇ ਗੁਰਦਿੱਤ ਸਿੰਘ ਸੇਖੋਂ ਤੇ ਵਲੰਟੀਅਰ।

ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਵਲੋਂ ਰੋਸ ਪ੍ਰਗਟਾਵਾ

ਫ਼ਰੀਦਕੋਟ, 3 ਜਨਵਰੀ (ਸਤੀਸ਼ ਬਾਗ਼ੀ)- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਵਲੋਂ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਸਬੰਧੀ ਲਟਕਦੀ ਆ ਰਹੀ ਮੰਗ ਨੂੰ ਲੈ ਕੇ ਨਗਰ ਕੌਂਸਲ ਦੇ ਪ੍ਰਧਾਨ ਨਰਿੰਦਰਪਾਲ ਸਿੰਘ ਨਿੰਦਾ ਨੂੰ ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ ਦੇ ਨਾਂਅ 'ਤੇ ਮੰਗ ਦਿੱਤਾ ਗਿਆ। ਜ਼ਿਲ੍ਹੇ ਦੇ ਆਗੂ ਗੁਰਤੇਜ ਸਿੰਘ ਖਹਿਰਾ ਨੇ ਕਿਹਾ ਕਿ ਸੱਤਾਧਾਰੀ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹ ਮੰਗ ਪੂਰੀ ਕਰਨ ਦਾ ਵਾਅਦਾ ਕੀਤਾ ਸੀ ਪਰ ਆਪਣੇ ਹੁਣ ਤੱਕ ਦੇ ਕਾਰਜਕਾਲ ਦੌਰਾਨ ਸਰਕਾਰ ਵਲੋਂ ਜਥੇਬੰਦੀ ਦੀ ਇਸ ਮੰਗ ਨੂੰ ਪੂਰਾ